# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 26-07-2025**

ਦੇਸ਼ ਅੱਜ ਕਾਰਗਿਲ ਵਿਜੇ ਦਿਵਸ ਮਨਾ ਰਿਹਾ ਏ। ਇਹ ਦਿਨ 1999 ਵਿੱਚ ਪਾਕਿਸਤਾਨ ਵਿਰੁੱਧ ਕਾਰਗਿਲ ਜੰਗ ਵਿੱਚ ਸ਼ਹੀਦ ਹੋਏ ਬਹਾਦਰ ਫੌਜੀਆਂ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਇਹ ਦਿਨ ਕਾਰਗਿਲ ਜੰਗ ਵਿੱਚ ਪਾਕਿਸਤਾਨ ਵਿਰੁੱਧ ਆਪ੍ਰੇਸ਼ਨ VIJAY ਦੀ ਸਫਲਤਾ ਨੂੰ ਦਰਸਾਉਂਦਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਾਰਗਿਲ ਵਿਜੇ ਦਿਵਸ 'ਤੇ ਦੇਸ਼ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਦਲੇਰ ਫੌਜੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਏ। ਲੱਦਾਖ ਵਿੱਚ, 26ਵੇਂ ਕਾਰਗਿਲ ਵਿਜੈ ਦਿਵਸ ਦੇ ਮੌਕੇ 'ਤੇ, ਦਰਾਸ ਦੀ ਕਾਰਗਿਲ ਜੰਗੀ ਯਾਦਗਾਰ ਵਿਖੇ ਦਲੇਰ ਫੌਜੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ. ਨੌਜੁਆਨ ਮਾਮਲਿਆਂ ਅਤੇ ਖੇਡਾਂ ਬਾਰੇ

ਕੇਂਦਰੀ ਮੰਤਰੀ, ਡਾ. ਮਨਸੁਖ MANDAVIYA, ਰੱਖਿਆ ਰਾਜ ਮੰਤਰੀ ਸ਼੍ਰੀ ਸੰਜੇ ਸੇਠ, ਅਤੇ ਲੱਦਾਖ ਦੇ ਉਪ ਰਾਜਪਾਲ, ਸ਼੍ਰੀ ਕਵੇਂਦਰ ਗੁਪਤਾ ਨੇ ਸ਼ਹੀਦਾਂ ਨੂੰ ਫੁੱਲਾਂ ਨਾਲ ਸ਼ਰਧਾਂਜਲੀ ਭੇਂਟ ਕੀਤੀ। ਇਸ ਮੌਕੇ ਫੌਜ ਮੁਖੀ ਜਨਰਲ ਉਪੇਂਦਰ ਦ੍ਵਿਵੇਦੀ ਨੇ ਰਾਸ਼ਟਰ ਨੂੰ ਸੰਬੋਧਨ ਕਰਦਿਆਂ ਸ਼ਹੀਦ ਯੋਧਿਆਂ ਦੇ ਪਰਿਵਾਰਾਂ ਨੂੰ ਸਲਾਮ ਕੀਤਾ

**BYTE**

---------------------------------------------------

ਪੰਜਾਬ ਮੰਤਰੀ ਮੰਡਲ ਨੇ ਇੱਕ ਇਤਿਹਾਸਕ ਫੈਸਲਾ ਲੈਂਦਿਆਂ, ਨਕਲੀ ਬੀਜਾਂ ਦੀ ਵਿਕਰੀ ਦੇ ਆਪਰਾਧ ਨੂੰ ਗੈਰ-ਜਮਾਨਤਯੋਗ ਬਣਾਉਣ ਲਈ ਸੀਡਜ਼ (ਪੰਜਾਬ ਸੋਧ) ਬਿੱਲ 2025 ਪੇਸ਼ ਕਰਨ ਨੂੰ ਸਹਿਮਤੀ ਦੇ ਦਿੱਤੀ ਏ। ਇਸ ਸਬੰਧੀ ਫੈਸਲਾ ਕੱਲ੍ਹ ਚੰਡੀਗੜ੍ਹ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਮੰਤਰੀ ਮੰਡਲ ਨੇ ਪੰਜਾਬ ਦੇ ਕਿਸਾਨਾਂ ਨੂੰ ਉੱਚ ਗੁਣਵੱਤਾ ਵਾਲੇ ਬੀਜਾਂ ਦੀ ਸਪਲਾਈ ਯਕੀਨੀ ਬਣਾਉਣ

ਲਈ ਸੀਡਜ਼ (ਪੰਜਾਬ ਸੋਧ) ਬਿੱਲ 2025 ਪੇਸ਼ ਕਰਨ ਨੂੰ ਸਹਿਮਤੀ ਦੇ ਦਿੱਤੀ ਏ। ਮੰਤਰੀ ਮੰਡਲ ਨੇ ਸੂਬੇ ਵਿੱਚ ਸਨਅਤੀ /ਕਾਰੋਬਾਰੀ ਨਿਵੇਸ਼ ਨੂੰ ਉਤਸ਼ਾਹਿਤ ਕਰਨ ਲਈ ਜ਼ਮੀਨ (ਵਿਕਰੀ ਜਾਂ ਲੀਜ਼ ਦੇ ਆਧਾਰ ’ਤੇ) ਮੁਹੱਈਆ ਕਰਨ ਲਈ ਇਕ ਢਾਂਚਾ ਵਿਕਸਤ ਕਰਨ ਲਈ ਵੀ ਸਹਿਮਤੀ ਦੇ ਦਿੱਤੀ ਏ। ਇਸ ਕਦਮ ਦਾ ਉਦੇਸ਼, ਸੂਬੇ ਵਿੱਚ ਨਿਵੇਸ਼ ਨੂੰ ਹੋਰ ਹੁਲਾਰਾ ਦੇਣਾ ਏ। ਗਰੁੱਪ ‘ਡੀ’ ਦੀਆਂ ਅਸਾਮੀਆਂ ਲਈ ਬਿਨੈਕਾਰਾਂ ਨੂੰ ਵੱਡੀ ਰਾਹਤ ਦਿੰਦਿਆਂ, ਮੰਤਰੀ ਮੰਡਲ ਨੇ ਪੰਜਾਬ ਰਾਜ (ਗਰੁੱਪ ਡੀ) ਸੇਵਾ ਨੇਮਾਂ, 1963 ਦੇ ਨੇਮਾਂ 5(ਬੀ) ਅਤੇ 5(ਡੀ) ਵਿੱਚ ਸੋਧਾਂ ਨੂੰ ਪ੍ਰਵਾਨਗੀ ਦੇ ਦਿੱਤੀ ਏ, ਜਿਸ ਕਾਰਨ ਇਨ੍ਹਾਂ ਅਸਾਮੀਆਂ ਲਈ, ਉਮਰ ਹੱਦ 35 ਤੋਂ ਵਧ ਕੇ, 37 ਹੋ ਗਈ ਏ। ਮੰਤਰੀ ਮੰਡਲ ਨੇ ਹਾੜ੍ਹੀ ਖ਼ਰੀਦ ਸੀਜ਼ਨ 2025-26 ਲਈ, 46 ਹਜ਼ਾਰ ਐਲ.ਡੀ.ਪੀ.ਈ. ਕਾਲੇ ਪੌਲੀਥੀਨ ਕਵਰਾਂ ਦੀ ਖ਼ਰੀਦ ਲਈ, ਮੁੜ ਟੈਂਡਰ ਵਿੱਚ ਬੋਲੀਆਂ ਮੰਗਵਾਉਣ ਲਈ ਸਮਾਂ ਸੀਮਾ ਵਿੱਚ, ਛੋਟ ਦੇਣ ਦੀ ਕਾਰਜ ਬਾਅਦ ਪ੍ਰਵਾਨਗੀ ਦੇ ਦਿੱਤੀ ਏ। ਮੰਤਰੀ ਮੰਡਲ ਨੇ ਪੰਜਾਬ ਵਿੱਚ ਅਨਾਜ ਦੀ ਢੋਆ-ਢੁਆਈ ਸੁਚਾਰੂ ਬਣਾਉਣ ਲਈ ‘ਪੰਜਾਬ ਫੂਡ ਗ੍ਰੇਨਜ਼ ਟਰਾਂਸਪੋਰਟੇਸ਼ਨ ਪਾਲਿਸੀ 2025’

ਅਤੇ ‘ਪੰਜਾਬ ਲੇਬਰ ਐਂਡ ਕਾਰਟੇਜ਼ ਪਾਲਿਸੀ 2025’ ਨੂੰ ਵੀ ਸਹਿਮਤੀ ਦੇ ਦਿੱਤੀ ਏ। ਇਸ ਤੋਂ ਇਲਾਵਾ ਮੰਤਰੀ ਮੰਡਲ ਨੇ ਵਿਆਜ ਮੁਕਤ ਕਰਜ਼ਿਆਂ ਦੇ ਨਿਪਟਾਰੇ ਲਈ, ਯਕਮੁਸ਼ਤ ਨਿਬੇੜਾ ਸਕੀਮ ਲਿਆਉਣ ਅਤੇ ਪੰਜਾਬ ਵੈਲਯੂ ਐਡਿਡ ਟੈਕਸ ਨੇਮਾਂ, 2005 ਵਿੱਚ ਸੋਧਾਂ ਕਰਨ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਏ।

---------------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਪੰਜਾਬ ਸਰਕਾਰ ਸੂਬੇ ਵਿੱਚ, ਮਜ਼ਬੂਤ ਸੈਮੀ-ਕੰਡਕਟਰ ਸਿਲਸਿਲਾ ਵਿਕਸਤ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰੇਗੀ। ਚੰਡੀਗੜ੍ਹ 'ਚ ਕੱਲ੍ਹ ਸੈਮੀ-ਕੰਡਕਟਰ ਸਨਅਤ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ, ਮੁੱਖ ਮੰਤਰੀ ਨੇ ਆਧੁਨਿਕ ਤਕਨਾਲੋਜੀ ਵਿੱਚ, ਸੈਮੀ-ਕੰਡਕਟਰ ਚਿੱਪ ਦੀ ਅਹਿਮੀਅਤ ਦਾ ਜ਼ਿਕਰ ਕਰਦਿਆਂ ਕਿਹਾ ਕਿ, ਇਹ ਕਰੀਬ ਸਾਰੇ ਇਲੈਕਟ੍ਰਾਨਿਕ ਯੰਤਰਾਂ ਦਾ ਜ਼ਰੂਰੀ ਹਿੱਸਾ ਹੁੰਦੀ ਏ। ਉਨ੍ਹਾਂ ਨੇ ਸੈਮੀ-ਕੰਡਕਟਰ ਸਨਅਤ ਦੀਆਂ ਵਿਸ਼ਾਲ ਸੰਭਾਵਨਾਵਾਂ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ, ਇਹ ਸਨਅਤ ਮੌਜੂਦਾ ਸਮੇਂ, ਕੌਮੀ ਆਰਥਿਕਤਾ ਵਿੱਚ, 20 ਤੋਂ 23 ਫੀਸਦੀ

ਦੀ ਸਾਲਾਨਾ ਵਿਕਾਸ ਦਰ ਨਾਲ ਯੋਗਦਾਨ ਪਾਉਂਦੀ ਏ। ਮੁੱਖ ਮੰਤਰੀ ਨੇ ਸਨਅਤ ਨੂੰ ਪੂਰੀ ਹਮਾਇਤ ਅਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ, ਜਿਸ ਵਿੱਚ ਮੋਹਾਲੀ ਅਤੇ ਇਸ ਦੇ ਆਲੇ-ਦੁਆਲੇ ਸਮਰਪਿਤ ਸੈਮੀ-ਕੰਡਕਟਰ ਪਾਰਕ ਦੀ ਸਥਾਪਨਾ ਕਰਨਾ ਸ਼ਾਮਲ ਏ। ਉਨ੍ਹਾਂ ਕਿਹਾ ਕਿ ਇਹ ਸਨਅਤ ਨਾ ਸਿਰਫ਼ ਸਨਅਤੀ ਵਿਕਾਸ ਨੂੰ ਉਤਸ਼ਾਹਿਤ ਕਰੇਗਾ ਸਗੋਂ ਨੌਜਵਾਨਾਂ ਲਈ ਰੁਜ਼ਗਾਰ ਦੇ ਬਿਹਤਰ ਮੌਕੇ ਵੀ ਪੈਦਾ ਕਰੇਗੀ।

---------------------------------------------------------------

ਪੰਜਾਬ ਵਿੱਚ, ਨਸ਼ੀਲੇ ਪਦਾਰਥਾਂ ਦੇ ਮੁਕੰਮਲ ਖਾਤਮੇ ਲਈ, ਚਲਾਈ ਜਾ ਰਹੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ 146ਵੇਂ ਦਿਨ ਕੱਲ੍ਹ, ਪੰਜਾਬ ਪੁਲਿਸ ਨੇ 414 ਥਾਵਾਂ ’ਤੇ ਛਾਪੇਮਾਰੀ ਦੌਰਾਨ ਸੂਬੇ ਭਰ ਵਿੱਚ, 69 FIRs ਦਰਜ ਕਰਕੇ, 103 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ। ਇਸ ਨਾਲ ਕੁੱਲ ਨਸ਼ਿਆਂ ਦੇ ਤਸਕਰਾਂ ਦੀ ਗਿਣਤੀ 23 ਹਜ਼ਾਰ 377 ਹੋ ਗਈ ਏ।

-------------------------------------------------------------

ਪੰਜਾਬ ਸਰਕਾਰ ਦੀ ਪ੍ਰਮੁੱਖ ਪਹਿਲਕਦਮੀ ਪ੍ਰੋਜੈਕਟ ਜੀਵਨਜੋਤ ਦੇ ਦੂਜੇ ਪੜਾਅ ਤਹਿਤ, ਸਿਰਫ਼ ਇੱਕ ਹਫ਼ਤੇ ਵਿੱਚ, ਸੂਬੇ ਭਰ ਦੀਆਂ ਸੜਕਾਂ ਅਤੇ ਗਲੀਆਂ 'ਚੋਂ ਭੀਖ ਮੰਗਣ ਵਾਲੇ 168 ਬੱਚਿਆਂ ਨੂੰ ਬਚਾਇਆ ਗਿਆ ਏ। ਇਹ ਜਾਣਕਾਰੀ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਪ੍ਰੋਜੈਕਟ, 9 ਮਹੀਨੇ ਪਹਿਲਾਂ ਸ਼ੁਰੂ ਕੀਤਾ ਗਿਆ ਸੀ ਅਤੇ ਹੁਣ ਇਸਨੂੰ ''ਜੀਵਨਜੋਤ 2.0’ ਦਾ ਰੂਪ ਦੇ ਦਿੱਤਾ ਗਿਆ ਏ।

-------------------------------------------------------------